Ph.: 01887-220643
Email: gcnayanangal@gmail.com

## GOVERNMENT SHIVALIK COLLEGE, NAYA NANGAL - 140126

**Letter no. : GSC/2023/43**
**Dated : 28/04/2023**

Govt. of Punjab, Department of Finance (Loan Branch) Letter No. V V Loan B A(Loan) /P.7/2023/2335 Dated : 17/04/2023. Purchase of wheat to the regular grade-4 employees of this college through Finance Department (Loan Branch) Rs. 8500/- per employee interest free

1) These employees are working regularly.
2) This loan will be amortized in 08 monthly installments. Its recovery will be started in June paid in July salary.
3) This loan amount will be booked under 7610 Loans to Government Employees etc. -800 Other Loans etc. -11 Wheat Loan-55 and Advances.

| Series no | Name of employees | position | permission |
|---|---|---|---|
| 1 | Mr. Chote Lal | Watchman | 8500/- |
| 2 | Mr. Sanjeev Kumar | Sewadar | 8500/- |
| 3 | Mr. Gurdeep Kumar | Sewadar | 8500/ |
| | Total | | 25500/- |

Some additions 25500/ 25500/- (Rupees Twenty Five Thousand Five Hundred only) It is hereby, certified that Govt. Shivalik College, Naya Nangal does not have sanctioned post of SAS official/post laying vacant and therefore, the sanction cannot be vetted by the SAS official. However all checks as stipulated in the instructions issued by the Department of Finance, GoP from time to time have been carried out while preparing the bill.

Principal

The back number : GSC/2023/62-64
1) Accountant General Punjab, Chandigarh
2) Treasury Officer Nangal
3) Bill Clerk

Dated : 28/04/2023

Principal

ਨੰ: ਵਿ:ਵਿ: ਕਰਜਾ-ਭ.ਅ.(ਕਰਜ)/ਪੀ.7/2023/ 2335

ਪੰਜਾਬ ਸਰਕਾਰ, ਵਿੱਤ ਵਿਭਾਗ

(ਕਰਜ਼ਾ ਸ਼ਾਖਾ)

ਵਿੱਤ ਤੇ ਯੋਜਨਾ ਭਵਨ, ਪਲਾਟ ਨੰ: 2, ਸੈਕਟਰ 33-ਏ, ਚੰਡੀਗੜ੍ਹ।

ਵਿਖੇ,

ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾ ਦੇ ਕਮਿਸ਼ਨਰ, ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ,
ਜ਼ਿਲ੍ਹਾ ਅਤੇ ਸੈਸ਼ਨ ਜੱਜ ਅਤੇ ਡਿਪਟੀ ਕਮਿਸ਼ਨਰ।

ਮਿਤੀ, ਚੰਡੀਗੜ੍ਹ: 17-04-2023

ਵਿਸ਼ਾ: ਸਾਲ 2023-24 ਵਿੱਚ ਦਰਜਾ-4 (ਗਰੁੱਪ-ਡੀ) ਕਰਮਚਾਰੀਆਂ ਨੂੰ ਕਣਕ ਦੀ ਖਰੀਦ ਲਈ ਕਰਜ਼ਾ ਦੇਣ ਸਬੰਧੀ।

ਸ੍ਰੀ ਮਾਨ ਜੀ,

ਮੈਨੂੰ ਉਪਰੋਕਤ ਵਿਸੇ ਤੇ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਪੰਜਾਬ ਸਰਕਾਰ ਨੇ ਆਪਣੇ ਗਰੁੱਪ-ਡੀ (ਦਰਜਾ-4) ਕਰਮਚਾਰੀਆਂ ਨੂੰ ਕਣਕ ਦੀ ਖਰੀਦ ਲਈ ਸੂਦ ਰਹਿਤ 8500/- ਰੁਪਏ (ਅੱਖਰੀ ਕੇਵਲ ਅੱਠ ਹਜ਼ਾਰ ਪੰਜ ਸੋ ਰੁਪਏ) ਸਾਲ 2023-24 ਵਿੱਚ ਬਤੌਰ ਕਰਜ਼ਾ ਦੇਣ ਦਾ ਫੈਸਲਾ ਕੀਤਾ ਹੈ। ਇਸ ਕਰਜ਼ੇ ਦੀ ਰਕਮ ਮਿਤੀ 09 ਜੂਨ, 2023 ਤੱਕ ਕਢਵਾਈ ਜਾ ਸਕੇਗੀ। ਇਹ ਕਰਜ਼ਾ 8 ਮਾਹਵਾਰ ਕਿਸ਼ਤਾਂ ਵਿੱਚ ਵਸੂਲਿਆ ਜਾਵੇਗਾ। ਇਸ ਦੀ ਵਸੂਲੀ ਜੂਨ, 2023 (Paid in July) ਦੀ ਤਨਖਾਹ ਤੋਂ ਸ਼ੁਰੂ ਹੋ ਜਾਵੇਗੀ ਤਾਂ ਜੋ ਸਾਰੇ ਕਰਜ਼ੇ ਦੀ ਵਸੂਲੀ ਇਸ ਵਿੱਤੀ ਸਾਲ ਦੇ ਖਤਮ ਹੋਣ ਤੋਂ ਪਹਿਲਾ ਹੋ ਸਕੇ। ਇਹ ਕਰਜ਼ਾ ਸਿਰਫ ਰੈਗੂਲਰ ਗਰੁੱਪ-ਡੀ (ਦਰਜ਼ਾ-4) ਕਰਮਚਾਰੀਆਂ ਨੂੰ ਹੀ ਮਿਲੇਗਾ। ਦਿਹਾੜੀਦਾਰ, ਵਰਕਚਾਰਜ਼ਡ ਕਰਮਚਾਰੀ ਆਦਿ ਇਸ ਫੈਸਲੇ ਅਧੀਨ ਨਹੀਂ ਆਉਣਗੇ। ਜਿਹੜੇ ਕਰਮਚਾਰੀ ਆਰਜੀ ਹਨ ਉਨ੍ਹਾਂ ਨੂੰ ਕਰਜ਼ਾ ਦੇਣ ਤੋਂ ਪਹਿਲਾਂ ਡਿਸਬਰਸਿੰਗ ਅਫਸਰ ਆਪਣੀ ਤਸੱਲੀ ਦੀ ਜਾਮਨੀ ਲੈ ਲੈਣ ਤਾਂ ਜੋ ਇਹ ਕਰਜ਼ਾ ਪੂਰਾ ਸੁਰੱਖਿਅਤ ਹੋਵੇ ਅਤੇ ਨਿਰਧਾਰਤ ਸਮੇਂ ਅਨੁਸਾਰ ਵਸੂਲੀ ਹੋ ਸਕੇ। ਜਿੱਥੇ ਕਿਸੇ ਪਰਿਵਾਰ ਦੇ ਇੱਕ ਤੋਂ ਜਿਆਦਾ ਮੈਂਬਰ ਪੰਜਾਬ ਸਰਕਾਰ ਦੀ ਸੇਵਾ ਵਿੱਚ ਹਨ ਤੇ ਇੱਕੋ ਥਾਂ ਰਹਿੰਦੇ ਹਨ, ਉਥੇ ਸਿਰਫ ਇੱਕੋ ਕਰਮਚਾਰੀ ਨੂੰ ਹੀ ਕਰਜ਼ਾ ਦਿੱਤਾ ਜਾਵੇਗਾ। ਇਸ ਬਾਰੇ ਸਬੰਧਤ ਕਰਮਚਾਰੀ ਨੂੰ ਨੱਥੀ ਅਨੁਲੱਗ ਅਨੁਸਾਰ ਬਣਦਾ ਸਰਟੀਫਿਕੇਟ ਦੇਣਾ ਪਵੇਗਾ।

2. ਇਸ ਕਰਜ਼ੇ ਦੀ ਮੰਨਜੂਰੀ ਜਾਰੀ ਕਰਨ ਦਾ ਅਧਿਕਾਰ ਡਿਸਬਰਸਿੰਗ ਅਫਸਰ ਨੂੰ ਹੋਵੇਗਾ ਅਤੇ ਉਹ ਮੰਨਜੂਰੀ ਜਾਰੀ ਕਰਨ ਤੋਂ ਪਹਿਲਾਂ ਇਹ ਯਕੀਨੀ ਬਣਾ ਲਵੇਗਾ ਕਿ ਕਰਮਚਾਰੀ ਉਤਨੇ ਸਮੇਂ ਲਈ ਸੇਵਾ ਵਿੱਚ ਰਹੇਗਾ, ਜਿੰਨ੍ਹਾਂ ਸਮਾਂ ਇਸ ਕਰਜੇ ਦੀ ਵਸੂਲੀ ਲਈ ਨਿਸ਼ਚਿਤ ਕੀਤਾ ਗਿਆ ਹੈ।

3. ਰਕਮ ਖਜਾਨੇ ਵਿੱਚੋ ਕਢਵਾਉਣ ਤੇ ਇੱਕ ਮਹੀਨੇ ਦੇ ਅੰਦਰ ਅੰਦਰ ਕਰਜਦਾਰ ਕਰਮਚਾਰੀ ਆਪਣੇ ਡਿਸਬਰਸਿੰਗ ਅਫਸਰ ਨੂੰ ਖਰੀਦੀ ਗਈ ਕਣਕ ਬਾਰੇ ਰਸੀਦ ਪੇਸ਼ ਕਰੇਗਾ। ਜੇਕਰ ਵਰਤੀ ਗਈ ਰਕਮ ਕਰਜੇ ਦੀ ਰਕਮ ਤੋਂ ਘੱਟ ਹੋਵੇ ਤਾ ਬਾਕੀ ਦੀ ਰਕਮ ਉਸ ਦੀ ਜੁਲਾਈ, 2023 ਦੀ ਤਨਖਾਹ ਵਿੱਚੋਂ ਕੱਟ ਲਈ ਜਾਵੇ।

Scanned with CamScanner

4. ਕਰਜ਼ੇ ਦੀ ਰਕਮ ਨਕਦ ਪਹਿਲੇ ਮਹੀਨੇ ਦੇ ਮੇਜਰ ਹੈਡ 7610 ਸਰਕਾਰੀ ਮੁਲਾਜ਼ਮਾਂ ਨੂੰ ਕਰਜ਼ੇ ਆਦਿ 800 ਹੋਰ ਕਰਜ਼ੇ ਆਦਿ 11 ਕਰੋੜ ਕਰਜ਼ੇ 55 ਕਰਜ਼ੇ ਅਤੇ ਪੇਸ਼ਗੀਆਂ ਅਧੀਨ ਖਰਚ ਕੀਤੀ ਜਾਵੇਗੀ। ਇਸ ਦੀ ਮਹੀਨਾਵਾਰ ਵਸੂਲੀ [illegible] ਮੇਜਰ ਹੈਡ 7610 ਸਰਕਾਰੀ ਮੁਲਾਜ਼ਮਾਂ ਨੂੰ ਕਰਜ਼ੇ ਆਦਿ 800 ਹੋਰ ਕਰਜ਼ੇ ਆਦਿ 11 ਕਰੋੜ ਕਰਜ਼ੇ 55 ਕਰਜ਼ੇ ਅਤੇ ਪੇਸ਼ਗੀਆਂ-ਪ੍ਰਾਪਤੀਆਂ ਨੂੰ ਕੀਤੀ ਜਾਵੇਗੀ।

5. ਇਸ ਕਰਜ਼ੇ ਸਬੰਧੀ ਵਿਅਕਤੀਗਤ ਲੇਖਾ ਜੋਖਾ ਸਬੰਧਤ ਡਿਸਬਰਸਿੰਗ ਅਫ਼ਸਰ ਰੱਖੇਗਾ ਅਤੇ ਉਹ ਆਪਣੇ ਪੱਧਰ ਤੇ ਇਹ ਯਕੀਨੀ ਬਣਾਏਗਾ ਕਿ ਕਰਜ਼ੇ ਦੀ ਵਸੂਲੀ ਉਪਰੋਕਤ ਦਰਸਾਏ ਅਨੁਸਾਰ ਕੀਤੀ ਜਾਂਦੀ ਹੈ। ਇਸ ਕਰਜ਼ੇ ਦੀ ਵਸੂਲੀ ਸਬੰਧੀ ਹਰ ਤਨਖਾਹ ਦੇ ਬਿੱਲ ਨਾਲ ਅਲੱਗ ਸ਼ਡਿਊਲ ਲਗਾਇਆ ਜਾਵੇਗਾ ਇਸ ਵਿੱਚ ਕਰਮਚਾਰੀ ਵਾਈਜ਼ ਕਰਜ਼ੇ ਦੀ ਕੁੱਲ ਰਕਮ, ਮੌਜੂਦਾ ਬਿੱਲ ਵਿੱਚ ਕੀਤੀ ਕਟੌਤੀ ਅਤੇ ਬਕਾਇਆ ਵਿਖਾਇਆ ਜਾਵੇਗਾ।

6. ਹਰ ਵਿਭਾਗ ਦਾ ਮੁੱਖੀ ਆਪਣੇ ਵਿਭਾਗ ਵੱਲੋ ਡਰਾਅ ਕੀਤੀ ਕਰਜ਼ੇ ਦੀ ਰਾਸੀ ਅਤੇ ਕੀਤੀ ਗਈ ਰਿਕਵਰੀ ਦਾ ਮਿਲਾਣ ਮਹਾਲੇਖਾਕਾਰ, ਪੰਜਾਬ ਨਾਲ ਕਰਨਾ ਯਕੀਨੀ ਬਣਾਉਣਗੇ। ਇਹ ਕਰਜ਼ਾ ਉਨ੍ਹਾਂ ਦਰਜਾ-4 (ਗਰੁੱਪ-ਡੀ) ਕਰਮਚਾਰੀਆ ਨੂੰ ਹੀ ਦਿੱਤਾ ਜਾਵੇਗਾ, ਜੋ ਇਸ ਕਰਜ਼ੇ ਲਈ ਅਪਲਾਈ ਕਰਨਗੇ।

ਨੱਥੀ: ਉਪਰੋਕਤ ਅਨੁਸਾਰ।

ਵਿਸ਼ਵਾਸ ਪਾਤਰ,

(signature)

ਡਿਪਟੀ ਡਾਇਰੈਕਟਰ (ਪੜਤਾਲ)
ਵਾ: ਪ੍ਰਮੁੱਖ ਸਕੱਤਰ, ਵਿੱਤ
ਪੰਜਾਬ ਸਰਕਾਰ, ਵਿੱਤ ਵਿਭਾਗ

ਪਿੱਠ ਅੰਕਣ ਨੰ: ਵਿ:ਵਿ: ਕਰਜ਼ਾ-ਭ.ਅ.(ਕਰਜ਼ਾ)/7/2023/ 8336-37 ਮਿਤੀ: 17-04-2023

ਇਸ ਦਾ ਇਕ ਉਤਾਰਾ ਹੇਠ ਲਿਖਿਆ ਨੂੰ ਭੇਜਿਆ ਜਾਂਦਾ ਹੈ:-

1. ਪ੍ਰਮੁੱਖ ਮਹਾਂਲੇਖਾਕਾਰ (ਆਡਿਟ), ਪੰਜਾਬ, ਚੰਡੀਗੜ੍ਹ।
2. ਪ੍ਰਮੁੱਖ ਮਹਾਂਲੇਖਾਕਾਰ (ਏ ਅਤੇ ਈ), ਪੰਜਾਬ, ਚੰਡੀਗੜ੍ਹ।

(signature)

ਡਿਪਟੀ ਡਾਇਰੈਕਟਰ (ਪੜਤਾਲ)

ਪਿੱਠ ਅੰਕਣ ਨੰ: ਵਿ:ਵਿ: ਕਰਜ਼ਾ-ਭ.ਅ.(ਕਰਜ਼ਾ)/7/2023/ 8338 ਮਿਤੀ: 17-04-2023

ਇੱਕ ਉਤਾਰਾ ਪੰਜਾਬ ਰਾਜ ਦੇ ਜ਼ਿਲ੍ਹਾ ਖਜਾਨਾ ਅਫਸਰਾਂ/ਖਜਾਨਾ ਅਫਸਰਾਂ ਨੂੰ ਸੂਚਨਾ ਅਤੇ ਜ਼ਰੂਰੀ ਕਾਰਵਾਈ ਲਈ ਭੇਜਿਆ ਜਾਂਦਾ ਹੈ।

(signature)

ਡਿਪਟੀ ਡਾਇਰੈਕਟਰ (ਪੜਤਾਲ)

ਣ ਨੰ: ਵਿ:ਵਿ: ਕਰਜ਼ਾ-ਭ.ਅ.(ਕਰਜ਼ਾ)/7/2023/ 9339-40 ਮਿਤੀ: 17-04-2023

ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

1. ਰੈਜੀਡੈਂਟ, ਵਿੱਤੀ ਕਮਿਸ਼ਨਰ, ਪੰਜਾਬ ਸਰਕਾਰ, ਪੰਜਾਬ ਭਵਨ, ਕਾਪਰਨਿਕਸ ਮਾਰਗ, ਨਵੀਂ-ਦਿੱਲੀ।
2. ਸਹਾਇਕ ਤਨਖਾਹ ਅਤੇ ਲੇਖਾ ਅਫਸਰ, ਪੰਜਾਬ ਭਵਨ, ਨਵੀਂ-ਦਿੱਲੀ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ।

ਡਿਪਟੀ ਡਾਇਰੈਕਟਰ (ਪੜਤਾਲ)

ਪਿੱਠ ਅੰਕਣ ਨੰ: ਵਿ:ਵਿ: ਕਰਜ਼ਾ-ਭ.ਅ.(ਕਰਜ਼ਾ)/7/2023/ 9341-42 ਮਿਤੀ: 17-04-2023

ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪੰਜਾਬ ਸਰਕਾਰ ਦੇ ਸਮੂਹ ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਡਿਪਟੀ ਡਾਇਰੈਕਟਰ (ਪੜਤਾਲ)

ਸੇਵਾ ਵਿਖੇ

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪੰਜਾਬ ਸਰਕਾਰ ਦੇ ਸਮੂਹ ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਪਿੱਠ ਅੰਕਣ ਨੰ: ਵਿ:ਵਿ: ਕਰਜ਼ਾ-ਭ.ਅ.(ਕਰਜ਼ਾ)/7/2023/ 9343-44 ਮਿਤੀ: 17-04-2023